# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 04-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਤ੍ਰਿਨੀ-ਦਾਦ ਅਤੇ ਟੋਬੈਗੋ ਵਿੱਚ ਭਾਰਤੀ ਭਾਈਚਾਰੇ ਦੀ ਯਾਤਰਾ ਹਿੰਮਤ ਨਾਲ ਭਰੀ ਏ। ਅੱਜ ਸਵੇਰੇ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੇ ਪੁਰਖੇ ਸਿਰਫ਼ ਪ੍ਰਵਾਸੀ ਨਹੀਂ ਸਨ ਸਗੋਂ ਇੱਕ ਸਦੀਵੀ ਸਭਿਅਤਾ ਦੇ ਦੂਤ ਸਨ। ਪ੍ਰਧਾਨ ਮੰਤਰੀ ਨੇ ਤ੍ਰਿਨੀਦਾਦ ਅਤੇ ਟੋਬੈਗੋ ਦੇ ਨਾਗਰਿਕਾਂ ਨੂੰ ਰਾਮਨਗਰੀ ਅਯੁੱਧਿਆ ਦਾ ਦੌਰਾ ਕਰਨ ਦਾ ਸੱਦਾ ਵੀ ਦਿੱਤਾ। BYTE

ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਤ੍ਰਿਨੀਦਾਦ ਅਤੇ ਟੋਬਾਗੋ ਵਿੱਚ ਭਾਰਤੀ ਮੂਲ ਦੇ ਨਾਗਰਿਕ ਹੁਣ ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ ਕਾਰਡ ਲਈ ਯੋਗ ਹੋਣਗੇ, ਜਿਸ ਨਾਲ ਉਹ ਭਾਰਤ ਵਿੱਚ ਬਿਨਾਂ ਕਿਸੇ ਪਾਬੰਦੀ ਦੇ ਰਹਿ ਸਕਣਗੇ ਅਤੇ ਕੰਮ ਕਰ ਸਕਣਗੇ। ਉਨ੍ਹਾਂ ਭਾਰਤੀ ਭਾਈਚਾਰੇ ਨੂੰ ਆਪਣੀ ਜੱਦੀ ਧਰਤੀ ਦਾ ਦੌਰਾ ਕਰਨ ਅਤੇ ਭਾਰਤ ਨਾਲ ਆਪਣੇ ਸਬੰਧ ਨੂੰ ਡੂੰਘਾ ਕਰਨ ਲਈ ਉਤਸ਼ਾਹਿਤ ਕੀਤਾ।

---------------------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਚਾਰ ਮਹਾਂਦੀਪਾਂ ਦੇ 10 ਤੋਂ ਵੱਧ ਦੇਸ਼ਾਂ ਵਿੱਚ ਫੈਲੇ ਇੱਕ ਅੰਤਰ-ਰਾਸ਼ਟਰੀ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਨ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਬੇਮਿਸਾਲ ਕਾਰਵਾਈ ਦੀ ਸ਼ਲਾਘਾ ਕੀਤੀ ਏ। ਕਲ ਚੰਡੀਗੜ੍ਹ ਵਿਚ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਸਫਲਤਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ "ਨਸ਼ਾ ਮੁਕਤ ਭਾਰਤ" ਪ੍ਰਤੀ ਵਚਨਬੱਧਤਾ ਦਾ ਸਪੱਸ਼ਟ ਸਬੂਤ ਏ। ਇਸ ਕਾਰਵਾਈ ਨੇ ਭਾਰਤ ਨੂੰ ਵਿਸ਼ਵ ਪੱਧਰ 'ਤੇ ਇੱਕ ਫੈਸਲਾਕੁੰਨ ਆਗੂ ਵਜੋਂ ਸਥਾਪਿਤ ਕੀਤਾ ਏ। ਸ੍ਰੀ ਚੁੱਘ ਨੇ ਕਿਹਾ ਕਿ ਬਿਊਰੋ ਦੇ ਅਣਥੱਕ ਯਤਨਾਂ ਅਤੇ ਆਧੁਨਿਕ ਤਕਨਾਲੋਜੀ ਦੀ ਵਰਤੋਂ ਨਾਲ, ਭਾਰਤ ਨੇ ਦਿਖਾਇਆ ਏ ਕਿ ਸਾਡੀਆਂ ਏਜੰਸੀਆਂ ਨਾ ਸਿਰਫ਼ ਦੇਸ਼ ਦੇ ਅੰਦਰ ਸਗੋਂ ਅੰਤਰ-ਰਾਸ਼ਟਰੀ ਪੱਧਰ 'ਤੇ ਵੀ ਨਸ਼ਿਆਂ ਵਿਰੁੱਧ ਫੈਸਲਾਕੁੰਨ ਭੂਮਿਕਾ ਨਿਭਾਉਣ ਦੇ ਸਮਰੱਥ ਨੇ।

---

ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਭਾਗ ਨੂੰ ਇਸ ਸਾਲ ਪਹਿਲੀ ਅਕਤੂਬਰ ਤੋਂ 15 ਨਵੰਬਰ ਤੱਕ ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ ਅਤੇ ਨਿਰਵਿਘਨ ਖਰੀਦ ਯਕੀਨੀ ਬਣਾਉਣ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੰਦਿਆਂ

15 ਸਤੰਬਰ ਤੱਕ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕਰਨ ਲਈ ਕਿਹਾ। ਕੱਲ ਚੰਡੀਗੜ੍ਹ ਵਿਖੇ ਇੱਕ ਸਮੀਖਿਆ ਮੀਟਿੰਗ ਦੌਰਾਨ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਮੰਤਰੀ ਨੇ ਨਿਰਦੇਸ਼ ਦਿੱਤੇ ਕਿ 15 ਸਤੰਬਰ ਤੋਂ 15 ਨਵੰਬਰ ਤੱਕ ਵਿਭਾਗ ਦਾ ਕੋਈ ਵੀ ਅਧਿਕਾਰੀ ਐਕਸ-ਇੰਡੀਆ ਛੁੱਟੀ ’ਤੇ ਨਾ ਜਾਵੇ। ਮੰਤਰੀ ਨੂੰ ਦੱਸਿਆ ਗਿਆ ਕਿ 190 ਲੱਖ ਮੀਟਰਿਕ ਟਨ ਝੋਨੇ ਦੀ ਖ਼ਰੀਦ ਲਈ ਜੰਗੀ ਪੱਧਰ ’ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਨੇ ਅਤੇ ਭੰਡਾਰਨ ਲਈ ਹੋਰ ਥਾਂ ਤਿਆਰ ਕਰਨ ਵਾਸਤੇ, ਝੋਨੇ ਦੀ ਢੋਆ-ਢੁਆਈ ਸਬੰਧੀ ਅਕਤੂਬਰ 2024 ਤੋਂ ਜੂਨ 2025 ਤੱਕ 68 ਲੱਖ ਮੀਟਰਿਕ ਟਨ ਚੋਲ ਸੂਬੇ ਤੋਂ ਬਾਹਰ ਭੇਜੇ ਜਾ ਚੁਕੇ ਨੇ। ਮੰਤਰੀ ਦੇ ਧਿਆਨ ਵਿੱਚ ਇਹ ਵੀ ਲਿਆਂਦਾ ਗਿਆ ਕਿ ਸਾਲ 2025-26 ਲਈ ਕਸਟਮ ਮਿਲਿੰਗ ਪਾਲਿਸੀ ਦਾ ਖਰੜਾ ਇਸ ਮਹੀਨੇ ਦੇ ਅੰਦਰ ਤਿਆਰ ਹੋਣ ਦੀ ਸੰਭਾਵਨਾ ਏ। ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਤਰਪਾਲਾਂ, ਲੱਕੜ ਦੇ ਕਰੇਟ, ਬਾਰਦਾਨੇ ਦਾ ਪ੍ਰਬੰਧ ਲੋੜੀਂਦੀ ਮਾਤਰਾ ਵਿੱਚ ਕੀਤਾ ਜਾਵੇ।

---

ਹੁਸ਼ਿਆਰਪੁਰ ਦੇ ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ਾਂ ਤੋਂ ਬਾਅਦ, ਸਬ ਤਹਿਸੀਲ ਭੂੰਗਾ ਵਿਖੇ ਤਾਇਨਾਤ ਨਾਇਬ ਤਹਿਸੀਲਦਾਰ ਪਰਵੀਨ ਕੁਮਾਰ ਅਤੇ ਰਜਿਸਟਰੀ

ਕਲਰਕ ਸਤਵੀਰ ਸਿੰਘ ਨੂੰ ਤੁਰੰਤ ਮੁਅੱਤਲ ਕਰਨ ਦੇ ਹੁਕਮ ਦਿੱਤੇ ਨੇ। ਸੂਤਰਾਂ ਅਨੁਸਾਰ, ਦੋਨਾਂ ਮਾਲ ਅਧਿਕਾਰੀਆਂ ਨੇ ਕਥਿਤ ਤੌਰ 'ਤੇ ਇੱਕ ਸੇਲ ਡੀਡ ਦੀ ਰਜਿਸਟ੍ਰੇਸ਼ਨ ਲਈ 40 ਹਜ਼ਾਰ ਦੀ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤ ਦੀ ਗੰਭੀਰਤਾ 'ਤੇ ਕਾਰਵਾਈ ਕਰਦੇ ਹੋਏ, ਵਿੱਤ ਕਮਿਸ਼ਨਰ ਨੇ ਤੁਰੰਤ ਪ੍ਰਭਾਵ ਨਾਲ ਉਨ੍ਹਾਂ ਦੀ ਮੁਅੱਤਲੀ ਦੇ ਹੁਕਮ ਜਾਰੀ ਕੀਤੇ ਨੇ। ਮੁਅੱਤਲੀ ਦੀ ਮਿਆਦ ਦੌਰਾਨ, ਦੋਸ਼ੀ ਅਧਿਕਾਰੀਆਂ ਦੇ ਹੈੱਡਕੁਆਰਟਰ ਨੂੰ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਦੇ ਦਫਤਰ ਵਿੱਚ ਤਬਦੀਲ ਕਰ ਦਿੱਤਾ ਜਾਵੇਗਾ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ, ਆਸ਼ਿਕਾ ਜੈਨ ਨੇ ਅਧਿਕਾਰੀਆਂ ਦੀ ਮੁਅੱਤਲੀ ਦੀ ਪੁਸ਼ਟੀ ਕੀਤੀ ਏ। ਇਹ ਹੁਕਮ ਤੁਰੰਤ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਹੁਸ਼ਿਆਰਪੁਰ ਦੇ ਉਪ-ਮੰਡਲ ਮੈਜਿਸਟ੍ਰੇਟ, ਤਹਿਸੀਲਦਾਰ ਅਤੇ ਸਬੰਧਤ ਅਧਿਕਾਰੀਆਂ ਨੂੰ ਭੇਜ ਦਿੱਤੇ ਗਏ ਸਨ।

---

ਅੰਮ੍ਰਿਤਸਰ-ਤਰਨ ਤਰਨ ਸੜਕ 'ਤੇ ਟਾਹਲਾ ਸਾਹਿਬ ਗੁਰਦੁਆਰੇ ਨੇੜੇ ਬੀਤੇ ਦਿਨੀ ਇੱਕ ਕਾਰ ਤੇ ਆਟੋ ਰਿਕਸ਼ਾ ਵਿਚਕਾਰ ਹੋਈ ਟੱਕਰ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ ਤੇ 5 ਜਣੇ ਗੰਭੀਰ ਜਖਮੀ ਹੋ ਗਏ। ਸਾਡੇ ਪਤਰਕਾਰ ਨੇ ਖਬਰ ਦਿਤੀ ਏ ਕਿ ਹਾਦਸੇ ਵਿਚ ਕਾਰ ਡਰਾਈਵਰ ਵੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਪੁਲਿਸ

ਅਧਿਕਾਰੀ ਨੇ ਦੱਸਿਆ ਕਿ ਹਾਦਸੇ ਵਿਚ ਆਟੋ ਰਿਕਸ਼ਾ ਸਵਾਰ ਚਾਰ ਲੋਕਾਂ ਦੀ ਮੌਤ ਹੋ ਗਈ ਜਦਕਿ ਬਾਕੀ ਗੰਭੀਰ ਰੂਪ ਜਖਮੀ ਹੋਏ, ਜਿਨਾਂ ਨੂੰ ਇਲਾਜ ਲਈ ਤਰਨਤਾਰਨ ਦੇ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ । ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ ।

-----------------------------------------------------------------------------

ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 21 ਕੈਡਿਟਾਂ ਦੀ ਤਿੰਨ ਹਫ਼ਤਿਆਂ ਵਿੱਚ ਰਾਸ਼ਟਰੀ ਰੱਖਿਆ ਅਕਾਦਮੀ ਅਤੇ ਹੋਰ ਵੱਕਾਰੀ ਰੱਖਿਆ ਸਿਖਲਾਈ ਅਕੈਡਮੀਆਂ ਵਿੱਚ ਚੋਣ ਹੋਈ ਏ । ਸੰਸਥਾਨ ਦੇ ਡਾਇਰੈਕਟਰ ਸੇਵਾਮੁਕਤ ਮੇਜਰ ਜਨਰਲ ਅਜੈ ਐਚ. ਚੌਹਾਨ ਨੇ ਦੱਸਿਆ ਕਿ ਕੁੱਲ 18 ਕੈਡਿਟ,ਰਾਸ਼ਟਰੀ ਰੱਖਿਆ ਅਕਾਦਮੀ ਦੇ 154ਵੇਂ ਕੋਰਸ ਲਈ ਚੁਣੇ ਗਏ ਨੇ । ਇਨ੍ਹਾਂ ਤੋਂ ਇਲਾਵਾ ਕਪੂਰਥਲਾ ਤੋਂ ਕੈਡਿਟ ਗਗਨਦੀਪ ਸਿੰਘ ਨੂੰ ਪੁਣੇ ਦੇ ਕੈਡਿਟ ਟਰੇਨਿੰਗ ਵਿੰਗ ਜਦਕਿ ਗੁਰਦਾਸਪੁਰ ਤੋਂ ਕੈਡਿਟ ਅਰਸ਼ਦੀਪ ਸਿੰਘ ਅਤੇ ਮੋਹਾਲੀ ਤੋਂ ਕਰਨ ਕੌਸ਼ਿਸ਼ ਦੀ, ਹਵਾਈ ਸੈਨਾ ਅਕਾਦਮੀ ਵਿੱਚ ਚੋਣ ਹੋਈ ਹੈ। ਡਾਇਰੈਕਟਰ ਨੇ ਕਿਹਾ ਕਿ ਸੰਸਥਾ ਇਸੇ ਤਰ੍ਹਾਂ ਪੂਰੀ ਸੁਹਿਰਦਤਾ ਨਾਲ ਕੰਮ ਕਰਦੀ ਰਹੇਗੀ ।

-----------------------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਅੱਜ ਅਤੇ ਕੱਲ 5 ਜੁਲਾਈ ਨੂੰ ਕੁਝ

ਥਾਵਾਂ 'ਤੇ ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ , ਜਦਕਿ 6 ਅਤੇ 7 ਜੁਲਾਈ ਨੂੰ ਸੂਬੇ ਦੇ ਕਪੂਰਥਲਾ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਨਵਾਂ ਸ਼ਹਿਰ 'ਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਜਾਰੀ ਕੀਤਾ ਗਿਆ ਏ ।